# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-11-2024**

- ਭਾਰਤ ਨੇ ਕੱਲ੍ਹ ਕੈਨੇਡਾ ਦੇ ਓਨਟਾਰੀਓ ਦੇ ਬਰੈਂਪਟਨ ਵਿੱਚ ਹਿੰਦੂ ਸਭਾ ਮੰਦਰ ਵਿੱਚ ਕੱਟੜਪੰਥੀਆਂ ਅਤੇ ਵੱਖਵਾਦੀਆਂ ਵੱਲੋਂ ਕੀਤੀ ਗਈ ਹਿੰਸਾ ਦੀ ਨਿਖੇਧੀ ਕੀਤੀ ਏ।
- ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਦਾ ਕਹਿਣਾ ਏ ਕਿ ਭਾਰਤ ਨੇ 2030 ਤੱਕ 500 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਨੂੰ ਹਾਸਲ ਕਰਨ ਦੇ ਆਪਣੇ ਟੀਚੇ ਵਿੱਚੋਂ 90 ਗੀਗਾਵਾਟ ਸਥਾਪਤ ਸੂਰਜੀ ਸਮਰੱਥਾ ਪਹਿਲਾਂ ਹੀ ਹਾਸਲ ਕਰ ਚੁਕਾ ਐ।
- ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਤਰੀਕ ਬਦਲੀ।

- ਪਠਾਨਕੋਟ ਵਿਚ ਡਰੋਨ ਮਿਲਣ ਦੀ ਘਟਨਾ ਤੋਂ ਬਾਅਦ ਬੀ ਐਸ ਐਫ ਸਮੇਤ ਹੋਰਨਾਂ ਸੁਰਖਿਆ ਏਜੰਸੀਆਂ ਨੇ ਤਲਾਸ਼ੀ ਮੁਹਿੰਮ ਕੀਤੀ ਸ਼ੁਰੂ ।

---------------------------------------------------

ਭਾਰਤ ਨੇ ਕੱਲ੍ਹ ਕੈਨੇਡਾ ਦੇ ਓਨਟਾਰੀਓ ਦੇ ਬਰੈਂਪਟਨ ਵਿੱਚ ਹਿੰਦੂ ਸਭਾ ਮੰਦਰ ਵਿੱਚ ਕੱਟੜਪੰਥੀਆਂ ਅਤੇ ਵੱਖਵਾਦੀਆਂ ਵੱਲੋਂ ਕੀਤੀ ਗਈ ਹਿੰਸਾ ਦੀ ਨਿੰਦਾ ਕੀਤੀ ਹੈ। ਦੇਸ਼ ਨੇ ਕੈਨੇਡਾ ਵਿੱਚ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟਾਈ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕੈਨੇਡਾ ਸਰਕਾਰ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਸਾਰੇ ਧਾਰਮਿਕ ਸਥਾਨਾਂ ਨੂੰ ਅਜਿਹੇ ਹਮਲਿਆਂ ਤੋਂ ਸੁਰੱਖਿਅਤ ਰੱਖਿਆ ਜਾਵੇ। ਉਨ੍ਹਾਂ ਕਿਹਾ, ਭਾਰਤ ਇਹ ਵੀ ਉਮੀਦ ਕਰਦਾ ਹੈ ਕਿ ਹਿੰਸਾ ਵਿੱਚ ਸ਼ਾਮਲ ਲੋਕਾਂ 'ਤੇ ਕਾਰਵਾਈ ਕੀਤੀ ਜਾਵੇਗੀ । ਇੱਕ ਬਿਆਨ ਵਿੱਚ, ਓਟਾਵਾ ਵਿੱਚ ਭਾਰਤੀ ਹਾਈ ਕਮਿਸ਼ਨ ਨੇ ਓਨਟਾਰੀਓ ਦੇ ਬਰੈਂਪਟਨ ਵਿੱਚ ਕੌਂਸਲਰ ਕੈਂਪ ਦੇ ਬਾਹਰ ਹੋਈ ਹਿੰਸਕ ਘਟਨਾ ‘ਤੇ ਨਿਰਾਸ਼ਾ ਪ੍ਰਗਟਾਈ ਹੈ। ਭਾਰਤੀ ਹਾਈ ਕਮਿਸ਼ਨ ਨੇ

ਕਿਹਾ ਕੇ ਟੋਰਾਂਟੋ ਨੇੜੇ ਬਰੈਂਪਟਨ ਵਿਚ ਹਿੰਦੂ ਸਭਾ ਮੰਦਰ ਦੇ ਸਹਿਯੋਗ ਨਾਲ ਲਗਾਏ ਗਏ ਕੌਂਸਲਰ ਕੈਂਪ ਦੇ ਬਾਹਰ ਭਾਰਤ ਵਿਰੋਧੀ ਤੱਤਾਂ ਦੁਆਰਾ ਹਿੰਸਕ ਰੁਕਾਵਟਾਂ ਵੇਖਿਆ ਗਈਆਂ ਨੇ। ਜੈਸਵਾਲ ਨੇ ਕਿਹਾ, ਭਾਰਤੀਆਂ ਅਤੇ ਕੈਨੇਡੀਅਨ ਨਾਗਰਿਕਾਂ ਨੂੰ ਸਮਾਨ ਸੇਵਾਵਾਂ ਪ੍ਰਦਾਨ ਕਰਨ ਲਈ ਭਾਰਤੀ ਕੌਂਸਲਰ ਅਫਸਰਾਂ ਦੇ ਕੰਮਕਾਜ ਨੂੰ ਡਰਾਉਣ, ਪਰੇਸ਼ਾਨ ਕਰਨ ਅਤੇ ਹਿੰਸਾ ਨਾਲ ਨਹੀਂ ਰੋਕਿਆ ਜਾ ਸਕਦਾ।

---------------------------------------------------------------------

ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਅੱਜ ਕਿਹਾ ਕਿ ਭਾਰਤ ਨੇ 2030 ਤੱਕ 500 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਨੂੰ ਹਾਸਲ ਕਰਨ ਦੇ ਆਪਣੇ ਟੀਚੇ ਵਿੱਚ 90 ਗੀਗਾਵਾਟ ਸਥਾਪਤ ਸੂਰਜੀ ਸਮਰੱਥਾ ਤੱਕ ਪਹੁੰਚ ਗਿਆ ਏ। ਸ੍ਰੀ ਜੋਸ਼ੀ ਨਵੀਂ ਦਿੱਲੀ ਵਿਚ ਅੰਤਰਰਾਸ਼ਟਰੀ ਸੂਰਜੀ ਗਠਜੋੜ ਦੇ ਸੱਤਵੇਂ ਸਮਾਗਮ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਮੰਤਰੀ ਨੇ ਕਿਹਾ ਕਿ ਸਰਕਾਰ ਨੇ 37.5 ਗੀਗਾਵਾਟ ਦੀ ਨਵਿਆਉਣਯੋਗ ਸਮਰੱਥਾ ਵਾਲੇ 50 ਸੋਲਰ ਪਾਰਕਾਂ ਨੂੰ ਮਨਜ਼ੂਰੀ ਦਿੱਤੀ ਏ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਾਲ ਗਲੋਬਲ ਸੋਲਰ ਸੈਕਟਰ

ਲਗਭਗ ਦੋ ਟੈਰਾਵਾਟ ਸਥਾਪਤ ਸੋਲਰ ਫੋਟੋਵੋਲਟਿਕ ਸਮਰੱਥਾ ਤੱਕ ਪਹੁੰਚਣ ਲਈ ਤਿਆਰ ਏ। ਇਸ ਸਾਲ ਆਈਐਸਏ ਭਾਰਤ ਦੀ ਪ੍ਰਧਾਨਗੀ ਅਤੇ ਫਰਾਂਸ ਦੀ ਸਹਿ-ਪ੍ਰਧਾਨਗੀ ਹੇਠ ਹੋ ਰਹੀ ਏ। ਸਮਾਗਮ ਵਿੱਚ, ਵਿਚਾਰ-ਵਟਾਂਦਰੇ ਦਾ ਆਧਾਰ ਉਹ ਸਾਧਨ ਅਤੇ ਢੰਗ ਹੋਣਗੇ ਜੋ ਮੈਂਬਰ ਦੇਸ਼ਾਂ ਵਿੱਚ, ਖਾਸ ਤੌਰ 'ਤੇ ਸੀਮਤ ਊਰਜਾ ਪਹੁੰਚ ਵਾਲੇ ਖੇਤਰਾਂ ਵਿੱਚ ਸੂਰਜੀ ਤੈਨਾਤੀ ਨੂੰ ਤੇਜ਼ ਕਰਨ ਲਈ ਅਪਣਾਏ ਜਾਣਗੇ।

---------------------------------------------------------

ਉੱਤਰਾਖੰਡ ਦੇ ਅਲਮੋੜਾ ਜ਼ਿਲ੍ਹੇ ਦੇ ਕੁਪੀ ਵਿਖੇ ਅੱਜ ਸਵੇਰੇ ਇੱਕ ਬੱਸ ਦੇ ਡੂੰਘੀ ਖੱਡ ਵਿੱਚ ਡਿੱਗ ਜਾਣ ਕਾਰਨ 36 ਲੋਕਾਂ ਦੀ ਮੌਤ ਹੋ ਗਈ ਅਤੇ 19 ਹੋਰ ਜ਼ਖ਼ਮੀ ਹੋ ਗਏ। ਹਾਦਸਾਗ੍ਰਸਤ ਬੱਸ ਕਥਿਤ ਤੌਰ ਤੇ 55 ਯਾਤਰੀਆਂ ਨੂੰ ਲੈ ਕੇ ਗੌਲੀਖਲ ਤੋਂ ਰਾਮਨਗਰ ਜਾ ਰਹੀ ਸੀ। ਰਾਹਤ ਅਤੇ ਬਚਾਅ ਕਾਰਜ ਲਗਾਤਾਰ ਜਾਰੀ ਨੇ। ਐਸ.ਡੀ.ਆਰ.ਐਫ., ਐਨ.ਡੀ.ਆਰ.ਐਫ., ਪੁਲਿਸ ਅਤੇ ਸਥਾਨਕ ਅਧਿਕਾਰੀਆਂ ਦੀਆਂ ਟੀਮਾਂ ਸਰਗਰਮੀ ਨਾਲ ਘਟਨਾ ਸਥਾਨ 'ਤੇ ਬਚਾਅ ਕਾਰਜ ਚਲਾ ਰਹੀਆਂ ਨੇ। ਰਾਸ਼ਟਰਪਤੀ ਦ੍ਰੌਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਰਾਜ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ।

---

ਭਾਰਤ ਦੇ ਚੋਣ ਕਮਿਸ਼ਨ ਨੇ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 13 ਨਵੰਬਰ 2024 ਤੋਂ 20 ਨਵੰਬਰ 2024 ਤੱਕ ਵੋਟਾਂ ਪੈਣ ਦੀ ਤਰੀਕ ਬਦਲ ਦਿੱਤੀ ਏ। ਇਨ੍ਹਾਂ ਹਲਕਿਆਂ ਵਿੱਚ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ , ਹੁਸ਼ਿਆਰਪੁਰ ਦੇ ਚੱਬੇਵਾਲ (ਐਸ.ਸੀ.) , ਸ੍ਰੀ ਮੁਕਤਸਰ ਸਾਹਿਬ ਦੇ ਗਿੱਦੜਬਾਹਾ ਅਤੇ ਬਰਨਾਲਾ ਸ਼ਹਿਰ ਸ਼ਾਮਲ ਨੇ। ਹਾਲਾਂਕਿ ਇਨ੍ਹਾਂ ਵਿਧਾਨ ਸਭਾ ਹਲਕਿਆਂ ਦੀਆਂ ਵੋਟਾਂ ਦੀ ਗਿਣਤੀ ਮੁਕੰਮਲ ਹੋਣ ਦੀ

ਤਰੀਕ 23 ਨਵੰਬਰ 2024 ਅਤੇ 25 ਨਵੰਬਰ 2024 ਹੀ ਰਹੇਗੀ । ਪੋਲਿੰਗ ਦੀ ਤਰੀਕ ਵਿੱਚ ਬਦਲਾਅ ਉਸ ਦਿਨ ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਰੁਝੇਵਿਆਂ ਨੂੰ ਧਿਆਨ ਵਿੱਚ ਰੱਖਦਿਆਂ ਕੀਤਾ ਗਿਆ ਏ। ਵੱਡੀ ਗਿਣਤੀ ਵਿੱਚ ਲੋਕਾਂ ਨੂੰ ਅਸੁਵਿਧਾ, ਵੱਖ-ਵੱਖ ਲੌਜਿਸਟਿਕ ਮੁੱਦਿਆਂ ਨੂੰ ਜਨਮ ਦਿੰਦੀ ਏ ਅਤੇ ਪੋਲਿੰਗ ਦੌਰਾਨ ਵੋਟਰਾਂ ਦੀ ਭਾਗੀਦਾਰੀ ਨੂੰ ਘਟਾ ਸਕਦੀ ਏ। ਇਸ ਮੁੱਦੇ

ਨੂੰ ਵੱਖ-ਵੱਖ ਰਾਸ਼ਟਰੀ ਅਤੇ ਖੇਤਰੀ ਸਿਆਸੀ ਪਾਰਟੀਆਂ ਨੇ ਚੋਣ ਕਮਿਸ਼ਨ ਅੱਗੇ ਚੁੱਕਿਆ ਸੀ।

---------------------------------------------------------------

ਮੋਗਾ ਜ਼ਿਲ੍ਹੇ 'ਚ ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕਣ ਲਈ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਸਖ਼ਤ ਰੁਖ਼ ਅਖ਼ਤਿਆਰ ਕੀਤਾ ਏ। ਇਸ ਦਿਸ਼ਾ ਵਿੱਚ ਜ਼ੀਰੋ ਟੌਲਰੈਂਸ ਦੀ ਨੀਤੀ ਉੱਤੇ ਕਾਇਮ ਰਹਿੰਦਿਆਂ ਜਿੱਥੇ ਉਹਨਾਂ ਪੀ ਸੀ ਐਸ ਅਧਿਕਾਰੀਆਂ ਸਮੇਤ ਪੰਚਾਇਤ ਅਫ਼ਸਰ ਪੱਧਰ ਦੇ ਅਧਿਕਾਰੀਆਂ, ਨੋਡਲ ਅਫ਼ਸਰਾਂ, ਕਲੱਸਟਰ ਅਫ਼ਸਰਾਂ ਅਤੇ ਐਸ ਐਚ ਓ ਪੱਧਰ ਦੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਨੇ। ਮੋਗਾ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਲੁਧਿਆਣਾ ਵੱਲੋਂ ਜ਼ਿਲ੍ਹੇ 'ਚ ਹੁਣ ਤੱਕ 105 ਕੇਸ ਰਿਪੋਰਟ ਕੀਤੇ ਗਏ ਨੇ। ਇਸ ਸਬੰਧੀ 87 ਵਿਅਕਤੀਆਂ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਨੇ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਏ। ਉਹਨਾਂ ਦੱਸਿਆ ਕਿ ਸਬੰਧਤ ਕਿਸਾਨਾਂ

ਨੂੰ 1 ਲੱਖ 72 ਹਜ਼ਾਰ 500 ਰੁਪਏ ਦਾ ਬਣਦਾ ਜੁਰਮਾਨਾ ਵੀ ਕੀਤਾ ਗਿਆ ਏ ਜਦਕਿ ਕੁਝ ਅਧਿਕਾਰੀਆਂ, ਜਿਨ੍ਹਾਂ ਦੇ ਏਰੀਏ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ ਨੇ , ਉਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਨੇ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨੋਡਲ ਅਫ਼ਸਰ ਪਰਗਟਜੀਤ ਸਿੰਘ ਪਿੰਡ ਕਿਸ਼ਨਪੁਰਾ ਕਲਾਂ ਤਹਿਸੀਲ ਧਰਮਕੋਟ ਦੇ ਖਿਲਾਫ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਇੰਨ ਨੈਸ਼ਨਲ ਕੈਪੀਟਲ ਐਂਡ ਐਡਜੁਆਇੰਨਿੰਗ ਏਰੀਆਜ਼ ਐਕਟ ਦੀ ਧਾਰਾ 14 (1) ਅਧੀਨ ਕਾਰਵਾਈ ਲਈ, ਸੀ. ਜੇ. ਐਮ. ਮੋਗਾ ਦੀ ਅਦਾਲਤ ਵਿੱਚ ਮਾਮਲਾ ਦਾਇਰ ਕਰ ਦਿੱਤਾ ਗਿਆ ਏ । **Byte-**ਡਿਪਟੀ ਕਮਿਸ਼ਨਰ ਕਿਹਾ ਕਿ ਮੋਗਾ ਜ਼ਿਲ੍ਹੇ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਜੰਗੀ ਪੱਧਰ ਤੇ ਕਾਰਜ ਕੀਤੇ ਜਾ ਰਹੇ ਨੇ ਤੇ ਟੀਮਾਂ ਲਗਾਤਾਰ ਦਿਨ - ਰਾਤ ਪਿੰਡਾਂ ਦੇ ਵਿੱਚ ਰਹਿੰਦੀਆਂ ਨੇ । ਉਹਨਾਂ ਦੱਸਿਆ ਕਿ ਟੀਮਾਂ ਤੋਂ ਇਲਾਵਾ ਉਹ ਖੁਦ ਤੇ

ਜ਼ਿਲ੍ਹਾ ਪੁਲਿਸ ਮੁਖੀ ਅਜੈ ਗਾਂਧੀ ਵੱਲੋਂ ਵੀ ਫੀਲਡ ਵਿੱਚ ਜਾ ਕੇ ਅੱਗ ਲੱਗਣ ਦੀਆਂ ਘਟਨਾਵਾਂ ਉਤੇ ਨਜ਼ਰ ਰੱਖੀ ਜਾ ਰਹੀ ਏ ।

---------------------------------------------------

ਮਾਲੇਰਕੋਟਲਾ ਚ ਵੀ ਪਰਾਲੀ ਨੂੰ ਸਾੜਨ ਦੇ ਮਾਮਲਿਆਂ ਦੀ ਰੋਕਥਾਮ ਲਈ ਜਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਵਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ, ਤਾਂ ਜੋ ਕੁਦਰਤੀ ਸਰੋਤ ਹਵਾ,ਧਰਤੀ,ਪਾਣੀ ਆਦਿ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਕੀਤਾ ਜਾ ਸਕੇ । ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਖੇਤੀਬਾੜੀ ਵਿਭਾਗ ਤੇ ਸਹਿਕਾਰੀ ਸਭਾਵਾਂ ਵੱਲੋਂ ਲਗਾਤਾਰ ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਸੁਚੇਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਾਤਾਵਰਣ ਨੂੰ ਪਲੀਤ ਹੋਣ ਤੋਂ ਬਚਾਉਣ ਲਈ ਇੰਨ ਸੀਟੂ ਅਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕਰਕੇ ਪਰਾਲੀ ਦਾ

ਨਿਪਟਾਰਾ ਕਰਨ ਤਾਂ ਜੋ ਅਸੀਂ ਆਪਣੀਆਂ ਆਉਣ ਵਾਲੀਆਂ ਪੀੜੀਆਂ ਨੂੰ ਸਾਫ਼ ਸੁਥਰਾ ਵਾਤਾਵਰਣ ਦੇ ਸਕੀਏ।

-----------------------------------------------------------

ਉਧਰ ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੀ ਅਗਵਾਈ ਹੇਠ ਜਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਜ਼ੀਰੋ ਪੱਧਰ ਤੇ ਲਿਆਉਣ ਲਈ, ਪਰਾਲੀ ਨੂੰ ਅੱਗ ਲਾ ਕੇ ਵਾਤਾਵਰਣ ਨੂੰ ਪ੍ਰਦੂਸ਼ਤ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਵੀ ਹੋਂਦ ਵਿੱਚ ਲਿਆਂਦੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਜਾਗਰੂਕਤਾ ਮੁਹਿੰਮ ਕਾਰਨ ਫਰੀਦਕੋਟ ਜਿਲ੍ਹੇ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਕਮੀ ਆਈ ਹੈ ਪਰ ਫਿਰ ਵੀ ਕੁਝ ਲੋਕ ਪਰਾਲੀ ਨੂੰ ਅੱਗ ਲਾ ਰਹੇ ਹਨ। ਉਨ੍ਹਾਂ ਵਿਰੁੱਧ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਪੂਰੀ ਤਰ੍ਹਾਂ ਸਖਤੀ ਵਰਤੀ ਜਾ ਰਹੀ ਹੈ ਅਤੇ ਅਜਿਹੇ ਵਿਅਕਤੀਆਂ ਵਿਰੁੱਧ ਜਿੱਥੇ ਐਫ.ਆਈ.ਆਰ ਦਰਜ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਜੁਰਮਾਨੇ ਤੋਂ ਇਲਾਵਾ ਉਨ੍ਹਾਂ ਦੀ ਜਮ੍ਹਾਂਬੰਦੀ ਵਿੱਚ ਰੈੱਡ ਐਂਟਰੀ ਵੀ ਦਰਜ ਕੀਤੀਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜਾਬ ਰਿਮੋਰਟ ਸੈਂਸਰਿੰਗ ਸੈਂਟਰ

ਲੁਧਿਆਣਾ ਵੱਲੋਂ ਜਿਲ੍ਹੇ ਵਿੱਚ ਹੁਣ ਤੱਕ 81ਕੇਸ ਦਰਜ ਕੀਤੇ ਗਏ ਹਨ,ਜਿਨਾਂ ਦੇ ਵਿੱਚੋਂ 38 ਕੇਸ ਅੱਗ ਲੱਗਣ ਦੇ ਨੇ ਇਸ ਸਬੰਧੀ 38 ਦੇ ਕਰੀਬ ਵਿਅਕਤੀਆਂ ਦੇ ਵਿਰੁੱਧ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਨੇ ਅਤੇ ਉਨ੍ਹਾਂ ਦੇ ਮਾਲ ਰਿਕਾਰਡ ਵਿੱਚ ਰੈੱਡ ਐਂਟਰੀ ਦਰਜ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਉਹਨਾਂ ਨੂੰ ਬਣਦਾ ਜੁਰਮਾਨਾ 1 ਲੱਖ ਰੁਪਏ ਵੀ ਕੀਤਾ ਗਿਆ, ਜਿਸ ਵਿੱਚੋਂ 85 ਹਜ਼ਾਰ ਰੁਪਏ ਦੀ ਰਿਕਵਰੀ ਕੀਤੀ ਜਾ ਚੁੱਕੀ ਹੈ।

---------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਕਿਹੈ ਕਿ ਸਿਹਤਮੰਦ ਪੰਜਾਬ ਤਹਿਤ ਸ਼ੁਰੂ ਕੀਤੀ ਸੀ.ਐਮ. ਦੀ ਯੋਗਸ਼ਾਲਾ ਅਧੀਨ ਜ਼ਿਲ੍ਹੇ ਵਿੱਚ ਮੁਫ਼ਤ ਯੋਗਾ ਕਲਾਸਾਂ ਚੱਲ ਰਹੀਆਂ ਨੇ , ਜਿਸ ਵਿੱਚ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰ ਕੇ ਇਨ੍ਹਾਂ ਯੋਗਾ ਕਲਾਸਾਂ ਦਾ ਲਾਭ ਲਿਆ ਜਾ ਰਿਹਾ ਏ। ਇਸ ਮੁਹਿੰਮ ਦਾ ਲਾਭ ਹਰ ਉਮਰ ਵਰਗ ਨੂੰ ਮਿਲ ਰਿਹਾ ਏ। ਉਨ੍ਹਾਂ ਦੱਸਿਆ ਕਿ ਯੋਗਾ ਕਰਨ ਨਾਲ ਜਿਥੇ

ਸਾਡਾ ਸਰੀਰ ਪੂਰੀ ਤਰ੍ਹਾਂ ਤੰਦਰੁਸਤ ਰਹਿੰਦਾ ਏ ਉਥੇ ਹੀ ਸਾਨੂੰ ਕਈ ਬਿਮਾਰੀਆਂ ਤੋਂ ਬਚਾਉਂਦਾ ਏ। ਉਨ੍ਹਾਂ ਕਿਹਾ ਕਿ ਰੋਜ਼ਾਨਾ ਯੋਗ ਕਰਨ ਵਾਲੇ ਲੋਕਾਂ ਨੂੰ ਬਲੱਡ ਪ੍ਰੈਸ਼ਰ , ਮੋਟਾਪਾ , ਸਰਵਾਈਕਲ , ਜੋੜਾਂ ਦੇ ਦਰਦ, ਬੈਕ ਪੇਨ, ਤਣਾਅ , ਚਿੰਤਾ ਆਦਿ ਹੋਰ ਵੀ ਬਹੁਤ ਸਾਰੇ ਰੋਗਾਂ ਤੋਂ ਲਾਭ ਮਿਲ ਰਿਹਾ ਏ ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਯੋਗਸ਼ਾਲਾ ਦੇ ਸੁਪਰਵਾਈਜ਼ਰ ਰਜਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ 141 ਕਲਾਸਾਂ ਚੱਲ ਰਹੀਆਂ ਹਨ ਅਤੇ ਕੁੱਲ 24 ਟ੍ਰੇਨਰ ਲੋਕਾਂ ਨੂੰ ਯੋਗਾ ਕਰਵਾ ਰਹੇ ਹਨ ਅਤੇ ਇਸ ਦੇ ਫਾਇਦਿਆਂ ਬਾਰੇ ਲੋਕਾਂ ਨੂੰ ਜਾਣੂ ਕਰਵਾ ਰਹੇ ਹਨ । ਇਨ੍ਹਾਂ ਯੋਗਾ ਕਲਾਸਾਂ ਨਾਲ ਜ਼ਿਲ੍ਹੇ ਦੇ 5 ਹਜ਼ਾਰ 260 ਮੈਂਬਰ ਜੁੜ ਚੁੱਕੇ ਨੇ ।

-----------------------------------------------------

ਪਠਾਨਕੋਟ ਦੇ ਬਮਿਆਲ 'ਚ ਸਥਿਤ ਅਖਵਾੜਾ ਅਤੇ ਬਰਮਾਲ ਸਰਹੱਦੀ ਪਿੰਡਾਂ ਵਿਚਕਾਰ ਗੰਨੇ ਦੇ ਖੇਤਾਂ 'ਚ ਡਰੋਨ ਮਿਲਣ ਦੀ ਘਟਨਾ ਤੋਂ ਬਾਅਦ ਸੋਮਵਾਰ ਨੂੰ ਪੁਲੀਸ ਅਤੇ ਬੀ.ਐਸ.ਐਫ ਵੱਲੋਂ ਸਾਂਝੇ ਤੌਰ ਤੇ ਸਰਚ ਅਭਿਆਨ ਚਲਾਇਆ ਗਿਆ। ਸਰਚ ਅਭਿਆਨ ਵਿੱਚ ਥਾਣਾ

ਨਰੋਟ ਜੈਮਲ ਸਿੰਘ, ਬਮਿਆਲ ਪੁਲਿਸ, ਬੀ.ਐਸ.ਐਫ ਦੇ ਜਵਾਨ ਅਤੇ ਸਪੈਸ਼ਲ ਕਮਾਂਡੋ ਮੌਜੂਦ ਸਨ ਜਿਨਾਹ ਨੇ ਡਰੋਨ ਮਿਲਣ ਵਾਲੀ ਥਾਂ ਦੇ ਆਲੇ-ਦੁਆਲੇ ਕਮਾਦ ਦੇ ਖੇਤਾਂ ਦੀ ਪੂਰੀ ਤਲਾਸ਼ੀ ਲਈ। ਬੀਐਸਐਫ ਨੇ ਵਿਸ਼ੇਸ਼ ਕੁੱਤਿਆਂ ਰਾਹੀਂ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਵੀ ਚਲਾਈ। ਗ੍ਰਾਮ ਪੰਚਾਇਤ ਅਖਵਾੜਾ ਦੇ ਸਰਪੰਚ ਕੇਵਲ ਸਿੰਘ ਨੇ ਬੀਐਸਐਫ ਨੂੰ ਸੂਚਨਾ ਦਿੱਤੀ ਸੀ ਕਿ ਉਨ੍ਹਾਂ ਦੇ ਪਿੰਡ ਨੇੜੇ ਖੇਤਾਂ ਵਿੱਚ ਇੱਕ ਡਰੋਨ ਪਿਆ ਹੈ। ਬੀਐਸਐਫ ਨੇ ਮੌਕੇ ’ਤੇ ਪਹੁੰਚ ਕੇ ਡਰੋਨ ਨੂੰ ਕਬਜ਼ੇ ਵਿੱਚ ਲੈ ਕੇ ਪੁਲੀਸ ਨੂੰ ਸੂਚਿਤ ਕੀਤਾ। ਜਿਸ ਥਾਂ ਤੋਂ ਡਰੋਨ ਮਿਲਿਆ ਹੈ, ਉਹ ਪਹਾੜੀਪੁਰ ਤੋਂ ਕਰੀਬ ਢਾਈ ਕਿਲੋਮੀਟਰ ਦੂਰ ਹੈ ਅਤੇ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਦੇ ਨਾਲ ਲੱਗਦੀ ਹੈ। ਇਸ ਸਬੰਧੀ ਥਾਣਾ ਨਰੋਟ ਜੈਮਲ ਸਿੰਘ ਵਿੱਚ ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ ਕਰਕੇ ਜਾਂਚ ਕੀਤੀ ਜਾ ਰਹੀ ਹੈ। ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਪੁਲਿਸ ਅਤੇ ਬੀਐਸਐਫ ਨੂੰ ਸਰਹੱਦੀ ਖੇਤਰ ਵਿੱਚ ਕਈ ਵਾਰ ਡਰੋਨ ਸਰਗਰਮ ਵੇਖੇ ਜਾਣ ਦੀ ਸੂਚਨਾ ਮਿਲੀ ਸੀ ਪਰ ਇਸ ਵਾਰ ਡਰੋਨ ਦੀ ਬਰਾਮਦਗੀ ਤੋਂ ਬਾਅਦ ਪੁਲਿਸ, ਬੀਐਸਐਫ ਅਤੇ ਖੁਫੀਆ ਏਜੰਸੀਆਂ

ਚੌਕਸ ਹੋ ਗਈਆਂ ਹਨ। ਪੁਲਿਸ ਅਧਿਕਾਰਿਆਂ ਦਾ ਕਹਿਣਾ ਹੈ ਕਿ ਡਰੋਨ ਮਿਲਣ ਤੋਂ ਬਾਅਦ ਪੁਲਿਸ, ਬੀਐਸਐਫ ਅਤੇ ਸਪੈਸ਼ਲ ਕਮਾਂਡੋਜ਼ ਵੱਲੋਂ ਤਲਾਸ਼ੀ ਮੁਹਿੰਮ ਚਲਾਈ ਗਈ ਪਰ ਅਜੇ ਤੱਕ ਅਜਿਹਾ ਕੁਝ ਨਹੀਂ ਮਿਲਿਆ ਹੈ।

----------------------------------------------------------

ਮਾਲੇਰਕੋਟਲਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਡਾ. ਕੁਲਦੀਪ ਕੌਰ ਨੇ ਦੱਸਿਆ ਕਿ ਕਿਸਾਨ ਫ਼ਸਲਾਂ ਵਿਚ ਖਾਦਾਂ ਦੀ ਵਰਤੋਂ ਮਿੱਟੀ ਟੈਸਟ ਦੇ ਅਧਾਰ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਜਾਂ ਮਾਹਿਰਾਂ ਦੀ ਸਲਾਹ ਅਨੁਸਾਰ ਹੀ ਕਰਨ ਤਾਂ ਜੋ ਬੇਲੋੜੀਆਂ ਖਾਦਾ ਦੀ ਵਰਤੋਂ ਘਟਾਈ ਜਾ ਸਕੇ ਅਤੇ ਬੇਲੋੜੇ ਖਰਚ ਤੋਂ ਬਚਾਇਆ ਜਾ ਸਕੇ ।ਉਨ੍ਹਾਂ ਕਿਹਾ ਕਿ ਪਰਾਲੀ ਨੂੰ ਸਾੜਨਾ, ਆਪਣੀ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਸਾੜਨਾ ਏ, ਕਿਸਾਨ ਅਜਿਹਾ ਨਾ ਕਰਨ । ਉਨ੍ਹਾਂ ਕਿਹਾ ਕਿ ਪਰਾਲੀ ਨੂੰ ਜੇਕਰ ਖੇਤ ਵਿਚ ਹੀ ਜਜ਼ਬ ਕਰ ਕੇ ਕਣਕ ਦੀ ਬਿਜਾਈ ਕੀਤੀ ਜਾਂਦੀ ਏ ਤਾਂ ਜ਼ਮੀਨ ਵਿਚ ਕਾਰਬਨਿਕ ਮਾਦਾ ਵੱਧਦਾ ਹੈ ਅਤੇ ਜ਼ਮੀਨ ਦੀ ਤਾਕਤ ਵੱਧਦੀ ਏ । ਡਾ ਕੁਲਦੀਪ ਕੌਰ ਨੇ ਕਣਕ ਦੀ ਫ਼ਸਲ ਵਿੱਚ ਵੱਡੇ ਪੱਧਰ ਤੇ

ਵਰਤੀ ਜਾਂਦੀ ਡੀ.ਏ.ਪੀ. ਖਾਦ ਦੀ ਜਗ੍ਹਾ ਉਸ ਦੇ ਬਦਲਵੇਂ ਸਰੋਤਾਂ ਦੀ ਵਰਤੋਂ ਦੀ ਜਾਣਕਾਰੀ ਦਿੰਦਿਆ ਕਿਹਾ ਕਿ ਕਣਕ ਦੀ ਫ਼ਸਲ ਵਿੱਚ ਡੀ.ਏ.ਪੀ. ਖਾਦ ਮੁੱਖ ਤੌਰ ਤੇ ਫਾਸਫੋਰਸ ਤੱਤ ਦੀ ਪੂਰਤੀ ਲਈ ਵਰਤੀ ਜਾਂਦੀ ਏ । ਇਸ ਵਿਚ 46 ਫ਼ੀਸਦੀ ਫਾਸਫੋਰਸ ਦੇ ਨਾਲ-ਨਾਲ 18 ਫ਼ੀਸਦੀ ਨਾਈਟ੍ਰੋਜਨ ਹੁੰਦੀ ਏ। ਇਸ ਖਾਦ ਦੇ ਬਦਲ ਵੱਜੋਂ ਕੁਝ ਹੋਰ ਖਾਦਾਂ ਵੀ ਵਰਤੀਆਂ ਜਾ ਸਕਦੀਆਂ ਨੇ ਪਰ ਉਨ੍ਹਾਂ ਦੀ ਲੋੜੀਂਦੀ ਮਾਤਰਾ ਡੀ.ਏ.ਪੀ. ਨਾਲੋਂ ਵੱਖਰੀ ਹੋ ਸਕਦੀ ਏ । ਇਹੋ ਜਿਹੀ ਇਕ ਖਾਦ ਐਨ.ਪੀ.ਕੇ. (12:32:16) ਹੈ ਜਿਸ ਵਿੱਚ 32 ਫ਼ੀਸਦੀ ਫਾਸਫੋਰਸ, 12 ਫ਼ੀਸਦੀ ਨਾਈਟ੍ਰੋਜਨ ਅਤੇ 16 ਫ਼ੀਸਦੀ ਪੋਟਾਸ਼ੀਅਮ ਤੱਤ ਮੌਜੂਦ ਹੁੰਦੇ ਹਨ

---------------------------------------------------------------

- ਭਾਰਤ ਨੇ ਕੱਲ੍ਹ ਕੈਨੇਡਾ ਦੇ ਓਨਟਾਰੀਓ ਦੇ ਬਰੈਂਪਟਨ ਵਿੱਚ ਹਿੰਦੂ ਸਭਾ ਮੰਦਰ ਵਿੱਚ ਕੱਟੜਪੰਥੀਆਂ ਅਤੇ ਵੱਖਵਾਦੀਆਂ ਵੱਲੋਂ ਕੀਤੀ ਗਈ ਹਿੰਸਾ ਦੀ ਨਿਖੇਧੀ ਕੀਤੀ ਏ ।

- ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਦਾ ਕਹਿਣਾ ਏ ਕਿ ਭਾਰਤ ਨੇ 2030 ਤੱਕ 500 ਗੀਗਾਵਾਟ ਨਵਿਆਉਣਯੋਗ ਊਰਜਾ ਸਮਰੱਥਾ ਨੂੰ ਹਾਸਲ ਕਰਨ ਦੇ ਆਪਣੇ ਟੀਚੇ ਵਿੱਚੋਂ 90 ਗੀਗਾਵਾਟ ਸਥਾਪਤ ਸੂਰਜੀ ਸਮਰੱਥਾ ਪਹਿਲਾਂ ਹੀ ਹਾਸਲ ਕਰ ਚੁਕਾ ਐ।
- ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਤਰੀਕ ਬਦਲੀ ।
- ਪਠਾਨਕੋਟ ਵਿਚ ਡਰੋਨ ਮਿਲਣ ਦੀ ਘਟਨਾ ਤੋਂ ਬਾਅਦ ਬੀ ਐਸ ਐਫ ਸਮੇਤ ਹੋਰਨਾਂ ਸੁਰਖਿਆ ਏਜੰਸੀਆਂ ਨੇ ਤਲਾਸ਼ੀ ਮੁਹਿੰਮ ਕੀਤੀ ਸ਼ੁਰੂ ।